ਪੰਜਾਬ ਸਰਕਾਰ

ਭਲਾਈ ਵਿਭਾਗ

(ਭਲਾਈ ਸੈਲ ਨਾਨ ਪਲਾਨ)

**ਵਿਸ਼ਾ:-** **ਪੋਸਟ ਮੈਟ੍ਰਿਕ ਸਕਾਲਰਸ਼ਿਪ ਸਕੀਮ ਤਹਿਤ ਅਨੁਸੂਚਿਤ ਜਾਤੀਆਂ ਦੇ ਵਿਦਿਆਰਥੀਆਂ ਤੋਂ ਦਾਖਲਾ ਫੀਸ ਅਤੇ ਦੂਸਰੇ ਚਾਰਜ਼ਿਜ਼ ਨਾ ਲੈਣ ਬਾਰੇ।**

ਉਪਰੋਕਤ ਵਿਸ਼ੇ ਤੇ ਮਨਿਸਟਰੀ ਆਫ ਸੋਸ਼ਲ ਜਸਟਿਸ ਐਂਡ ਇੰਪਾਵਰਮੈਂਟ, ਭਾਰਤ ਸਰਕਾਰ, ਨਵੀਂ ਦਿੱਲੀ ਦੇ ਪੱਤਰ ਨੰਬਰ 11017/7/2002-SCD V ਮਿਤੀ 24.02.2004 ਅਤੇ ਡਾਇਰੈਕਟਰ ਭਲਾਈ ਦੇ ਮੀਮੋ ਨੰਬਰ ਸ-20/11592-95 ਮਿਤੀ 09.09.2004 ਦੇ ਸਬੰਧ ਵਿੱਚ।

2. ਪੋਸਟ ਮੈਟ੍ਰਿਕ ਸਕਾਲਰਸ਼ਿਪ ਸਕੀਮ ਦਾ ਮੁੱਖ ਮੰਤਵ ਅਨੁਸੂਚਿਤ ਜਾਤੀ ਦੇ ਵਿਦਿਆਰਥੀਆਂ ਨੂੰ ਉੱਚ ਵਿੱਦਿਆ ਪ੍ਰਾਪਤ ਕਰਵਾਉਣ ਲਈ ਉਹਨਾਂ ਨੂੰ ਵਿੱਤੀ ਸਹਾਇਤਾ ਪ੍ਰਦਾਨ ਕਰਨਾ ਹੈ। ਵਜੀਫੇ ਦੇ ਨਾਲ-ਨਾਲ ਅਨੁਸੂਚਿਤ ਜਾਤੀ ਦੇ ਵਿਦਿਆਰਥੀਆਂ ਵੱਲੋਂ ਦਿੱਤੀਆਂ ਗਈਆਂ ਫੀਸਾਂ ਦੀ ਪ੍ਰਤੀ ਪੂਰਤੀ ਵੀ ਸਰਕਾਰ ਵੱਲੋਂ, ਜਿਨ੍ਹਾਂ ਦੇ ਮਾਪਿਆਂ/ਸਰਪ੍ਰਸਤਾਂ ਦੀ ਸਾਲਾਨਾਂ ਆਮਦਨ 1.00 ਲੱਖ ਰੁਪਏ ਤੋਂ ਵੱਧ ਨਾ ਹੋਵੇ, ਨੂੰ ਨਾਨ-ਰਿਫੰਡਏਬਲ ਫੀਸਾਂ ਦੀ ਪ੍ਰਤੀ ਪੂਰਤੀ ਅਤੇ ਵਜੀਫੇ ਦੀ ਅਦਾਇਗੀ ਕੀਤੀ ਜਾਂਦੀ ਹੈ।

3. ਅਨੁਸੂਚਿਤ ਜਾਤੀ ਦੇ ਪੋਸਟ ਮੈਟ੍ਰਿਕ ਵਿਦਿਆਰਥੀਆਂ ਵੱਲੋਂ ਪ੍ਰੋਫੈਸ਼ਨਲ ਕੋਰਸਾ ਵਿੱਚ ਫੀਸਾਂ ਵੱਧ ਹੋਣ ਕਾਰਨ ਉਨ੍ਹਾਂ ਦੇ ਦਾਖਲਾ ਲੈਣ ਵਿੱਚ ਪੇਸ਼ ਆ ਰਹੀਆਂ ਔਕੜਾਂ ਨੂੰ ਵਿਚਾਰਨ ਉਪਰੰਤ ਫੈਸਲਾ ਕੀਤਾ ਗਿਆ ਕਿ ਪੋਸਟ ਮੈਟ੍ਰਿਕ ਸਕਾਲਰਸ਼ਿਪ ਸਕੀਮ ਤਹਿਤ ਦਾਖਲੇ ਸਮੇਂ ਵਿਦਿਆਰਥੀਆਂ ਤੋਂ ਟਿਊਸ਼ਨ ਫੀਸ ਅਤੇ ਨਾਨ ਰੀਫੰਡਏਬਲ ਫੀਸ ਲੈ ਕੇ ਬਾਅਦ ਵਿੱਚ ਪ੍ਰਤੀ ਪੂਰਤੀ ਕਰਨ ਦੀ ਬਜਾਏ ਸਕੀਮ ਦੇ ਨਾਰਮਜ਼ ਅਨੁਸਾਰ ਯੋਗ ਵਿਦਿਆਰਥੀਆਂ ਦੇ ਕੇਸਾਂ ਦੇ ਆਧਾਰ ਤੇ ਸਬੰਧਤ ਵਿਭਾਗ ਡਾਇਰੈਕਟਰ, ਭਲਾਈ ਵਿਭਾਗ ਤੋਂ ਰੀਮਬਰਸਮੈਂਟ ਪ੍ਰਾਪਤ ਕਰਨਗੇ। ਇਸ ਸਬੰਧੀ ਵਿਦਿਆਰਥੀਆਂ ਦੀ ਔਕੜ ਨੂੰ ਮੁੱਖ ਰੱਖਦੇ ਹੋਏ ਸਾਲ 2007-08 ਤੋਂ ਅਨੁਸੂਚਿਤ ਜਾਤੀਆਂ ਦੇ ਵਿਦਿਆਰਥੀਆਂ ਤੋਂ ਟਿਊਸ਼ਨ ਫੀਸ ਅਤੇ ਨਾਨ ਰੀਫੰਡਏਬਲ ਕੰਪਲਸਰੀ ਫੀਸਾਂ ਜੋ ਕਿ ਪੋਸਟ ਮੈਟ੍ਰਿਕ ਸਕਾਲਰਸ਼ਿਪ ਤਹਿਤ ਕਵਰ ਹੁੰਦੀਆਂ ਹਨ, ਨਾ ਲਈਆਂ ਜਾਣ ਅਤੇ ਸਬੰਧਤ ਸੰਸਥਾਵਾਂ ਦੁਆਰਾ ਪ੍ਰਤੀ ਪੂਰਤੀ ਦੇ ਕਲੇਮ ਆਪਣੇ ਡਾਇਰੈਕਟੋਰੇਟ ਭਾਵ ਖੋਜ ਅਤੇ ਮੈਡੀਕਲ ਸਿੱਖਿਆ, ਤਕਨੀਕੀ ਸਿੱਖਿਆ ਅਤੇ ਉਚੇਰੀ ਸਿੱਖਿਆ ਰਾਹੀ ਸਕੀਮ ਦੇ ਨਾਰਮਜ਼ ਅਨੁਸਾਰ ਤਿਆਰ ਕਰਕੇ ਡਾਇਰੈਕਟਰ, ਭਲਾਈ ਵਿਭਾਗ ਨੂੰ ਪ੍ਰਵਾਨਗੀ ਲਈ ਭੇਜੇ ਜਾਣ। ਪ੍ਰਤੀ ਪੂਰਤੀ ਦੀ ਤਜਵੀਜ਼ ਭੇਜਣ ਸਮੇਂ ਸਬੰਧਤ ਸੰਸਥਾ ਦੇ ਮੁੱਖੀ ਵੱਲੋਂ ਹਲਫੀਆਂ ਬਿਆਨ ਦਿਤਾ ਜਾਵੇਗਾ ਕਿ ਸਬੰਧਤ ਵਿਦਿਆਰਥੀ (ਆਂ) ਕੋਲੋਂ ਕਲੇਮ ਕੀਤੀ ਫੀਸ ਚਾਰਜ ਨਹੀਂ ਕੀਤੀ ਗਈ। ਇਸ ਲਈ ਆਪ ਜੀ ਨੂੰ ਬੇਨਤੀ ਕੀਤੀ ਜਾਂਦੀ ਹੈ ਕਿ ਆਪਦੇ ਅਧੀਨ ਆਉਂਦੇ ਡਾਇਰੈਕਟੋਰੇਟ, ਸਰਕਾਰੀ ਸੰਸਥਾਵਾਂ, ਯੂਨੀਵਰਸਿਟੀਆਂ ਅਤੇ ਪ੍ਰਾਈਵੇਟ ਸੰਸਥਾਵਾਂ

ਨੂੰ ਲੋੜੀਂਦੀਆਂ ਹਦਾਇਤਾਂ ਜਾਰੀ ਕਰਨ ਦੀ ਕ੍ਰਿਪਾਲਤਾ ਕੀਤੀ ਜਾਵੇ। ਇਹ ਵੀ ਬੇਨਤੀ ਕੀਤੀ ਜਾਂਦੀ ਹੈ ਕਿ ਲਾਭਪਾਤਰੀਆਂ ਦੀ ਜਾਣਕਾਰੀ ਲਈ ਇਹ ਸਕੀਮ ਸਬੰਧਤ ਨੋਟੀਫਿਕੇਸ਼ਨ / ਸਬੰਧਤ ਪ੍ਰਾਸਪੈਕਟ ਵਿੱਚ ਛਪਵਾਉਣ ਦੀ ਖੇਚਲ ਵੀ ਕੀਤੀ ਜਾਵੇ।

ਸਯੁੰਕਤ ਸੱਕਤਰ, ਭਲਾਈ

ਸੇਵਾ ਵਿਖੇ

1) ਪ੍ਰਮੁੱਖ ਸਕੱਤਰ ਟੂ ਮੁੱਖ ਮੰਤਰੀ, ਪੰਜਾਬ।
2) ਪ੍ਰਮੁੱਖ ਸਕੱਤਰ, ਪੰਜਾਬ ਸਰਕਾਰ, ਤਕਨੀਕੀ ਅਤੇ ਉਦਯੋਗਿਕ ਸਿਖਲਾਈ ਵਿਭਾਗ, ਚੰਡੀਗੜ੍ਹ।
3) ਪ੍ਰਮੁੱਖ ਸਕੱਤਰ, ਪੰਜਾਬ ਸਰਕਾਰ, ਵਿੱਤ ਵਿਭਾਗ, ਚੰਡੀਗੜ੍ਹ।
4) ਸਕੱਤਰ, ਪੰਜਾਬ ਸਰਕਾਰ, ਉਚੇਰੀ ਸਿੱਖਿਆ, ਚੰਡੀਗੜ੍ਹ।
5) ਸਕੱਤਰ, ਪੰਜਾਬ ਸਰਕਾਰ, ਖੋਜ ਅਤੇ ਮੈਡੀਕਲ ਸਿੱਖਿਆ, ਚੰਡੀਗੜ੍ਹ।

ਅੰ:ਵਿ:ਪੱ:ਨੰ: 3/74/07-ਐਸ.ਏ-11/ ਮਿਤੀ, ਚੰਡੀਗੜ੍ਹ:

ਅੰ:ਵਿ:ਪੱ:ਨੰ: 3/74/07-ਐਸ.ਏ-11/ 2244-2249 ਮਿਤੀ, ਚੰਡੀਗੜ੍ਹ: 11.7.07

ਉਪਰੋਕਤ ਦੀ ਕਾਪੀ ਹੇਠ ਲਿਖਿਆਂ ਨੂੰ ਸੂਚਨਾਂ ਅਤੇ ਤੁਰੰਤ ਯੋਗ ਕਾਰਵਾਈ ਲਈ ਭੇਜੀ ਜਾਂਦੀ ਹੈ:-

1) ਮਹਾਂਲੇਖਾਕਾਰ (ਏ ਐਂਡ ਈ) ਪੰਜਾਬ, ਚੰਡੀਗੜ੍ਹ।
2) ਮਹਾਂਲੇਖਾਕਾਰ (ਆਡਿਟ) ਪੰਜਾਬ, ਚੰਡੀਗੜ੍ਹ।
3) ਡਾਇਰੈਕਟਰ, ਅਨੁਸੂਚਿਤ ਜਾਤੀਆਂ ਅਤੇ ਪਛੜੀਆਂ ਸ਼੍ਰੇਣੀਆਂ, ਭਲਾਈ ਵਿਭਾਗ, ਪੰਜਾਬ, ਚੰਡੀਗੜ੍ਹ।
4) ਡਾਇਰੈਕਟਰ, ਸਿੱਖਿਆ ਵਿਭਾਗ (ਕਾ), ਪੰਜਾਬ, ਚੰਡੀਗੜ੍ਹ।
5) ਡਾਇਰੈਕਟਰ, ਖੋਜ ਅਤੇ ਮੈਡੀਕਲ ਸਿੱਖਿਆ, ਪੰਜਾਬ, ਚੰਡੀਗੜ੍ਹ।
6) ਡਾਇਰੈਕਟਰ, ਤਕਨੀਕੀ ਸਿੱਖਿਆ ਅਤੇ ਉਦਯੋਗਿਕ ਸਿਖਲਾਈ ਵਿਭਾਗ, ਪੰਜਾਬ, ਚੰਡੀਗੜ੍ਹ।

ਸਯੁੰਕਤ ਸੱਕਤਰ, ਭਲਾਈ

3/74/07-ਅਸ.ਈ-11/ ਮਿਤੀ, ਚੰਡੀਗੜ੍ਹ:

ਇਸ ਦਾ ਇੱਕ ਉਤਾਰਾ ਡਾਇਰੈਕਟਰ, ਸੂਚਨਾਂ ਅਤੇ ਲੋਕ ਸੰਪਰਕ ਵਿਭਾਗ ਨੂੰ ਇਸ ਸਕੀਮ ਬਾਰੇ ਰਾਜ ਦੀ ਜਨਤਾ ਨੂੰ ਜਾਣੂੰ ਕਰਵਾਉਣ ਹਿੱਤ ਲੋੜੀਂਦੀ ਕਾਰਵਾਈ ਕਰਨ ਲਈ ਭੇਜਿਆ ਜਾਂਦਾ ਹੈ।

ਸਯੁੰਕਤ ਸਕੱਤਰ, ਭਲਾਈ

ਨੰ: 6ਆਮ·ਈ3·ਪੀ·11/ 10985-88 ਮਿਤੀ 20/5/2011

ਉਤਾਰਾ (1) ਰਜਿਸਟਰਾਰ PNRC ਨੂੰ ਰਾਜ ਦੇ ਨਰਸਿੰਗ ਕਾਲਜਾਂ/ਸਕੂਲਾਂ ਨੂੰ ਭੇਜਣ ਹਿਤ ਅਤੇ ਆਪਣੇ ਨੋਟਿਸ ਬੋਰਡ ਤੇ ਪਾਉਣ ਲਈ

(2) ਰਜਿਸਟਰਾਰ ਬਾਬਾ ਫਰੀਦ ਯੂਨੀਵਰਸਿਟੀ ਨੂੰ ਆਪਣੇ ਅਧੀਨ ਕਾਲਜਾਂ ਨੂੰ ਸਰਕੂਲੇਟ ਕਰਨ ਅਤੇ ਨੋਟਿਸ ਬੋਰਡ ਤੇ ਪਾਉਣ ਲਈ

(3) ਰਜਿਸਟਰਾਰ ਗੁਰੂ ਰਵੀਦਾਸ ਆਯੁਰਵੈਦਿਕ ਯੂਨੀਵਰਸਿਟੀ ਨੂੰ ਆਪਣੇ ਅਧੀਨ ਕਾਲਜਾਂ ਨੂੰ ਸਰਕੂਲੇਟ ਕਰਨ ਅਤੇ ਨੋਟਿਸ ਬੋਰਡ ਤੇ ਪਾਉਣ ਲਈ

(4) ਸੁਪਰਡੈਂਟ ME3, ਮੈਡੀਕਲ ਸਿੱਖਿਆ ਅਤੇ ਖੋਜ ਵਿਭਾਗ ਦੇ ਨੋਟਿਸ ਬੋਰਡ ਤੇ ਪਾਉਣ ਲਈ

ਡਾਇਰੈਕਟਰ,
ਮੈਡੀਕਲ ਸਿੱਖਿਆ ਅਤੇ ਖੋਜ,
ਪੰਜਾਬ ਸਰਕਾਰ, ਚੰਡੀਗੜ੍ਹ।

20/5/2011